# ਪੰਜਾਬੀ ਭਾਸ਼ਾ ਪਾਸਾਰ ਭਾਈਚਾਰਾ

ਹਵਾਲਾ ਨੰ:.........................

ਮਿਤੀ :.............................

ਵੱਲ

ਉਪ ਕੁਲਪਤੀ ਸਾਹਿਬ
ਗੁਰੂ ਨਾਨਕ ਦੇਵ ਯੂਨੀਵਰਸਿਟੀ
ਅੰਮ੍ਰਿਤਸਰ। vcgndu@gmail.com.

ਨੰ:ਪ.ਭ.ਪ.ਭ./1 ਮਿਤੀ: 12.01.2019

ਵਿਸ਼ਾ: ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਸਾਰੇ ਦਫ਼ਤਰੀ ਕੰਮ-ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਨੂੰ ਯਕੀਨੀ ਬਣਾਉਣ ਅਤੇ ਯੂਨੀਵਰਸਿਟੀ ਦੀ ਵੈਬਸਾਈਟ ਉੱਪਰ ਉਪਲਬਧ ਕਰਵਾਈ ਗਈ ਸੂਚਨਾ ਨੂੰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਵਾਉਣ ਸਬੰਧੀ ਬੇਨਤੀ।

ਸ਼੍ਰੀ ਮਾਨ ਪ੍ਰੋ.(ਡਾ.) ਜਸਪਾਲ ਸਿੰਘ ਸੰਧੂ ਜੀ,

ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਨਾਲ ਸਬੰਧਤ ਕੁਝ ਕਾਨੂੰਨੀ ਵਿਵਸਥਾਵਾਂ ਅਤੇ ਤੱਥ, ਨਿਮਰਤਾ ਸਹਿਤ, ਵਿਚਾਰ ਅਤੇ ਯੋਗ ਕਾਰਵਾਈ ਲਈ ਆਪ ਜੀ ਦੇ ਧਿਆਨ ਵਿਚ ਲਿਆਂਦੇ ਜਾ ਰਹੇ ਹਨ:

**ਭਾਗ-ੳ- ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਸਥਾਪਨਾ ਦਾ ਉਦੇਸ਼**

ਆਪ ਜੀ ਨੂੰ ਯਾਦ ਕਰਵਾਇਆ ਜਾਂਦਾ ਹੈ ਕਿ:

1. ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਸਥਾਪਨਾ 'ਗੁਰੂ ਨਾਨਕ ਦੇਵ ਯੂਨੀਵਰਸਿਟੀ ਐਕਟ 1969' ਅਧੀਨ, ਗੁਰੂ ਨਾਨਕ ਦੇਵ ਜੀ ਦੇ 500 ਸਾਲਾ ਪ੍ਰਕਾਸ਼ ਉਤਸਵ ਤੇ ਹੋਈ ਸੀ। ਸਬੰਧਤ ਹਵਾਲਾ ਇਸ ਤਰ੍ਹਾਂ ਹੈ: '**AN ACT** to establish and incorporate a University at Amritsar to mark the five hundredth birth anniversary of Shri Guru Nanak Dev Ji.'। ਇਸ ਐਕਟ ਵਿਚ, ਇਸ ਯੂਨੀਵਰਸਿਟੀ ਦੇ ਪਹਿਲੇ ਤਿੰਨਾਂ ਵਿਚੋਂ ਦੋ ਉਦੇਸ਼ ਇਹ ਮਿੱਥੇ ਗਏ ਸਨ:

   '(2) To make provision for study and research on the life and teachings of Guru Nanak Dev and their cultural and religious impact in the context of Indian and world civilisations.
   (3) To promote Punjabi studies, to provide for research in Punjabi language and literature and to undertake measures for the development of Punjabi language, literature and culture.'

2. ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਵੈਬਸਾਈਟ ਉੱਪਰ ਵੀ 'ਯੂਨੀਵਰਸਿਟੀ ਬਾਰੇ' ਸਿਰਲੇਖ ਵਿਚ ਇਨ੍ਹਾਂ ਉਦੇਸ਼ਾਂ ਦਾ ਜ਼ਿਕਰ ਇੰਝ ਕੀਤਾ ਗਿਆ ਹੈ: 'About University: **...** Studies and research on the life and teachings of Guru Nanak, **in addition to working towards the promotion of Punjabi language** and spreading education among educationally backward classes and communities were the other commitments.'

3. ਉਕਤ ਪੈਰ੍ਹਾ ਨੰ:1 ਅਤੇ 2 ਤੋਂ ਸਪੱਸ਼ਟ ਹੈ ਕਿ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਸਥਾਪਨਾ **ਕੇਵਲ ਪੰਜਾਬੀ** ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨੂੰ ਵਿਕਸਤ ਕਰਨ ਲਈ ਹੋਈ ਸੀ ਘੱਟੋ-ਘੱਟ ਅੰਗਰੇਜ਼ੀ ਲਈ ਨਹੀਂ।

**ਭਾਗ ਅ- ਪੰਜਾਬੀ ਨੂੰ ਰਾਜ ਭਾਸ਼ਾ ਦਾ ਦਰਜਾ ਦੇਣ ਵਾਲੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਮਹੱਤਵਪੂਰਨ ਵਿਵੱਸਥਾਵਾਂ ਅਤੇ ਪੰਜਾਬ ਸਰਕਾਰ ਦਾ ਮਿਤੀ 05 ਸਤੰਬਰ 2018 ਦਾ ਨਵਾਂ ਹੁਕਮ**

ਆਪ ਜੀ ਦਾ ਧਿਆਨ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਕੁਝ ਹੇਠ ਲਿਖੀਆਂ ਮਹੱਤਵਪੂਰਨ ਵਿਵੱਸਥਾਵਾਂ ਵੱਲ ਵੀ ਦਿਵਾਇਆ ਜਾਂਦਾ ਹੈ:

1. 49 ਸਾਲ ਪਹਿਲਾਂ ਪੰਜਾਬ ਰਾਜ ਭਾਸ਼ਾ ਐਕਟ 1967 ਦੀ ਧਾਰਾ 3 ਰਾਹੀਂ, **ਪੰਜਾਬੀ ਭਾਸ਼ਾ ਨੂੰ ਪੰਜਾਬ ਰਾਜ ਦੀ ਰਾਜ ਭਾਸ਼ਾ** ਦਾ ਦਰਜਾ ਦਿੱਤਾ ਗਿਆ ਸੀ। ਸਾਲ 2008 ਵਿਚ 'ਰਾਜ ਭਾਸ਼ਾ (ਤਰਮੀਮ) ਐਕਟ 2008' ਰਾਹੀਂ ਇਸ ਐਕਟ ਵਿਚ ਮਹੱਤਵਪੂਰਨ ਸੋਧਾਂ ਹੋਈਆਂ। ਨਵੀਂ ਜੋੜੀ ਧਾਰਾ 3(ਅ) ਰਾਹੀਂ 'ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਸਾਰੇ ਅਦਾਰਿਆਂ ਵਿਚ ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਕੀਤੇ ਜਾਣਾ ਜ਼ਰੂਰੀ' ਕੀਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

   **"ਧਾਰਾ 3(ਅ) - ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਅਦਾਰਿਆਂ ਦੇ ਦਫ਼ਤਰਾਂ ਆਦਿ ਵਿਚ ਪੰਜਾਬੀ ਦੀ ਵਰਤੋਂ ਬਾਰੇ**

   **"ਧਾਰਾ 3(ਅ):** ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਸਰਕਾਰੀ ਖੇਤਰ ਦੇ ਅਦਾਰਿਆਂ, ਬੋਰਡਾਂ ਅਤੇ ਲੋਕਲ ਬਾਡੀਜ਼ ਅਤੇ ਰਾਜ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇਗਾ।"

2. 2008 ਦੇ ਇਸੇ ਸੋਧ ਐਕਟ ਦੀ ਧਾਰਾ 8(ੳ) ਰਾਹੀਂ, ਡਾਇਰੈਕਟਰ ਭਾਸ਼ਾ ਵਿਭਾਗ (ਅਤੇ ਅਗਾਂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ) ਨੂੰ ਪੰਜਾਬ ਸਰਕਾਰ ਦੇ ਦਫ਼ਤਰਾਂ ਵਿਚ, ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਹੁੰਦਾ ਹੈ ਜਾਂ ਨਹੀਂ, ਇਸ ਤੱਥ ਦੀ ਪੜਤਾਲ ਕਰਨ ਦਾ ਅਧਿਕਾਰ ਦਿੱਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

   **"ਧਾਰਾ 8 (ੳ): ਸਮੀਖਿਆ ਦਾ ਅਧਿਕਾਰ:** ਡਾਇਰੈਕਟਰ ਭਾਸ਼ਾ ਵਿਭਾਗ ਜਾਂ ਉਸ ਦੇ ਅਧੀਨ ਅਤੇ ਇਸ ਮੰਤਵ ਲਈ ਉਸ ਵੱਲੋਂ ਨਾਮਜ਼ਦ ਕੀਤੇ ਗਏ ਅਫ਼ਸਰਾਂ ਕੋਲ ਇਸ ਐਕਟ ਦੀਆਂ ਧਾਰਾਵਾਂ 3(ੳ) ਅਤੇ 3(ਅ) ਦੀ ਪਾਲਣਾ ਦਾ ਪਤਾ ਲਗਾਉਣ ਵਾਸਤੇ ਰਾਜ ਸਰਕਾਰ ਦੇ ਸਰਕਾਰੀ ਦਫ਼ਤਰਾਂ, ਜਨਤਕ ਅਦਾਰਿਆਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਸਕੂਲਾਂ, ਕਾਲਜਾਂ, **ਯੂਨੀਵਰਸਿਟੀਆਂ** ਆਦਿ ਦਫ਼ਤਰਾਂ ਦਾ ਮੁਆਇਨਾ ਕਰਨ ਦਾ ਅਧਿਕਾਰ ਹੋਵੇਗਾ। ਦਫ਼ਤਰ ਦਾ ਦਫ਼ਤਰੀ ਰਿਕਾਰਡ ਰੱਖਣ ਵਾਲੇ ਅਫ਼ਸਰ ਆਪਣੇ ਕਬਜੇ ਹੇਠਲਾ ਸਾਰਾ ਰਿਕਾਰਡ ਮੁਆਇਨਾ ਕਰਨ ਵਾਲੇ ਡਾਇਰੈਕਟਰ ਜਾਂ ਅਫ਼ਸਰ ਨੂੰ ਮੁਹੱਈਆ ਕਰਾਉਣਗੇ।"

3. ਸਾਲ 2008 ਦੇ ਇਸੇ ਸੋਧ ਐਕਟ ਦੀ ਧਾਰਾ 8(ਸ) ਰਾਹੀਂ, ਉਹਨਾਂ ਕਰਮਚਾਰੀਆਂ/ ਅਧਿਕਾਰੀਆਂ ਨੂੰ ਸਜ਼ਾ ਦੇਣ ਦੀ ਵਿਵਸਥਾ ਵੀ ਕੀਤੀ ਗਈ ਹੈ ਜੋ ਆਪਣਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਨਹੀਂ ਕਰਨਗੇ। ਇਸ ਵਿਵਸਥਾ ਦੀ ਇਬਾਰਤ ਇਹ ਹੈ:

   "**ਧਾਰਾ 8(ਸ) ਸਜ਼ਾਵਾਂ-** ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਇਸ ਐਕਟ ਦੀਆਂ ਧਾਰਾਵਾਂ ਜਾਂ ਇਹਨਾਂ ਤਹਿਤ ਕੀਤੇ ਨੋਟੀਫਿਕੇਸ਼ਨਾਂ ਦੀ ਵਾਰ ਵਾਰ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਹ ਪੰਜਾਬ ਸਿਵਲ ਸੇਵਾਵਾਂ (ਦੰਡ ਅਤੇ ਅਪੀਲ) ਨਿਯਮ, 1970 ਦੇ ਤਹਿਤ ਕਾਰਵਾਈ ਕੀਤੇ ਜਾਣ ਦਾ ਭਾਗੀ ਹੋਵੇਗਾ।"

   ਉਪਰੋਕਤ ਉਪ ਧਾਰਾ (1) ਤਹਿਤ ਕਸੂਰਵਾਰ ਅਧਿਕਾਰੀ ਜਾਂ ਕਰਮਚਾਰੀ ਵਿਰੁੱਧ ਸਬੰਧਤ ਕੰਪੀਟੈਂਟ ਅਥਾਰਟੀ, ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੀਆਂ ਸਿਫਾਰਸ਼ਾਂ ਅਨੁਸਾਰ ਕਰੇਗੀ।

   ਬਸ਼ਰਤੇ ਕਿ ਅਜਿਹੀ ਕਾਰਵਾਈ ਤੋਂ ਪਹਿਲਾਂ ਸਬੰਧਤ ਅਧਿਕਾਰੀ ਜਾਂ ਕਰਮਚਾਰੀ ਨੂੰ ਸੁਣੇ ਜਾਣ ਦਾ ਮੌਕਾ ਦਿੱਤਾ ਜਾਵੇਗਾ।'

4. ਪੰਜਾਬ ਸਰਕਾਰ ਵੱਲੋਂ ਇਹ ਕਾਨੂੰਨ ਤਾਂ ਬਣਾ ਦਿੱਤੇ ਗਏ ਪਰ ਇਹਨਾਂ ਤੇ ਅਮਲ ਨਹੀਂ ਹੋਇਆ। ਉਲਟਾ ਪੰਜਾਬੀ ਦੀ ਥਾਂ ਅੰਗਰੇਜ਼ੀ ਵਿਚ ਵੱਧ ਕੰਮ-ਕਾਜ ਹੋਣ ਲੱਗ ਪਿਆ। ਪੰਜਾਬੀ ਭਾਸ਼ਾ ਨਾਲ ਹੁੰਦੀ ਇਸ ਜ਼ਿਆਦਤੀ ਵਿਰੁੱਧ ਕੁਝ

ਸੰਸਥਾਵਾਂ (ਵਿਸ਼ੇਸ਼ ਕਰਕੇ ਗੁਰੂ ਗੋਬਿੰਦ ਸਿੰਘ ਸਟਡੀ ਸਰਕਲ) ਨੇ ਪੰਜਾਬ ਸਰਕਾਰ ਨਾਲ ਰਾਬਤਾ ਕਾਇਮ ਕੀਤਾ ਅਤੇ ਇਹਨਾਂ ਵਿਵਸਥਾਵਾਂ ਨੂੰ ਲਾਗੂ ਕਰਾਉਣ ਲਈ ਦਬਾਅ ਪਾਇਆ। ਸ੍ਰੀ ਹਰੀ ਚੰਦ ਅਰੋੜਾ, ਸੀਨੀਅਰ ਐਡਵੋਕੇਟ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਕਾਨੂੰਨ ਦੀਆਂ ਇਹਨਾਂ ਵਿਵਸਥਾਵਾਂ ਦੀ ਹੋ ਰਹੀ ਘੋਰ ਉਲੰਘਣਾ ਬਾਰੇ ਪੰਜਾਬ ਸਰਕਾਰ ਨੂੰ **20 ਦੇ ਕਰੀਬ ਕਾਨੂੰਨੀ ਨੋਟਿਸ** ਦਿੱਤੇ ਗਏ। ਦਬਾਵਾਂ ਹੇਠ ਆਈ ਪੰਜਾਬ ਸਰਕਾਰ ਨੇ ਆਪਣੇ ਪ੍ਰਸ਼ਾਸਨਿਕ ਅਧਿਕਾਰੀਆਂ ਲਈ ਮਿਤੀ 05.09.2018 ਨੂੰ ਇੱਕ ਹੁਕਮ ਜਾਰੀ ਕੀਤਾ ਅਤੇ ਹਦਾਇਤ ਕੀਤੀ ਕਿ 'ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇ।' ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਇਸ ਲਈ ਆਪ ਨੂੰ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ **ਸਰਕਾਰ ਦੇ ਸਾਰੇ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ** ਦਾ ਸਮੁੱਚਾ ਦਫ਼ਤਰੀ ਕੰਮ-ਕਾਜ, ਭਾਰਤ ਸਰਕਾਰ ਅਤੇ ਦੂਜੇ ਰਾਜਾਂ ਨਾਲ ਕੀਤੀ ਜਾਣ ਵਾਲੀ ਲਿਖਾ-ਪੜ੍ਹੀ ਨੂੰ ਛੱਡ ਕੇ, **ਪੰਜਾਬ ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਅਨੁਸਾਰ ਕੇਵਲ ਪੰਜਾਬੀ ਭਾਸ਼ਾ ਵਿਚ ਹੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।"**

5. ਇਸ ਮਹੱਤਵਪੂਰਨ ਹੁਕਮ ਰਾਹੀਂ ਪੰਜਾਬ ਸਰਕਾਰ ਨੇ ਆਪਣੇ ਦਫ਼ਤਰਾਂ ਦੇ ਮੁਖੀਆਂ ਨੂੰ ਇਹ ਹਦਾਇਤ ਵੀ ਜਾਰੀ ਕੀਤੀ ਹੈ ਕਿ ਉਹ ਆਪਣੀਆਂ ਇੰਟਰਨੈਟ ਤੇ ਪਾਈਆਂ ਵੈਬਸਾਈਟਾਂ ਵਿਚ ਉਪਲਬਧ ਕਰਵਾਈ ਗਈ ਸੂਚਨਾ, ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ ਵੀ ਉਪਲਬਧ ਕਰਾਉਣ। ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਰਾਹੀਂ ਚਲਾਈਆਂ ਜਾ ਰਹੀਆਂ ਸਕੀਮਾਂ ਜ਼ਿਆਦਾਤਰ ਪੰਜਾਬ ਦੀ ਆਮ ਜਨਤਾ ਲਈ ਹੀ ਹਨ। ਇਸ ਲਈ ਸਮੂਹ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ **ਆਪਣੀਆਂ ਵੈਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ (ਭਾਵ ਦੋਨੋਂ ਭਾਸ਼ਾਵਾਂ ਵਿਚ) ਤਿਆਰ ਕਰਕੇ ਅਪਲੋਡ ਕਰਨ ਤਾਂ ਜੋ ਪੰਜਾਬ ਵਾਸੀ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।"**

<u>ਨੋਟ:</u> ਕਿਸੇ ਵਿਭਾਗ (ਸਮੇਤ ਯੂਨੀਵਰਸਿਟੀ) ਵੱਲੋਂ ਆਪਣੀ ਵੈਬਸਾਈਟ ਤੇ ਉਪਲਬਧ ਕਰਾਈ ਗਈ ਸੂਚਨਾ ਉਸ ਦੇ 'ਦਫ਼ਤਰੀ ਕੰਮ ਕਾਜ' ਦਾ ਹਿੱਸਾ ਹੈ।

**ਭਾਗ ੲ- ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਆਪਣੇ ਉਦੇਸ਼ ਤੋਂ ਭਟਕਣ ਅਤੇ ਕਾਨੂੰਨ ਦੀਆਂ ਵਿਵਸਥਾਵਾਂ ਦੀ ਘੋਰ ਉਲੰਘਣਾ ਦੀਆਂ ਕੁਝ ਉਦਾਹਰਣਾਂ**

1. ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਵਿਚ ਮੰਨਜ਼ੂਰਸ਼ੁਦਾ ਪ੍ਰੋਫ਼ੈਸਰਾਂ ਦੀਆਂ 25 ਤੋਂ ਵੱਧ ਅਸਾਮੀਆਂ ਹਨ। ਇਸ ਸਮੇਂ ਪੰਜਾਬੀ ਵਿਭਾਗ ਵਿਚ ਕੇਵਲ ਪੰਜ ਪ੍ਰੋਫ਼ੈਸਰ ਤਾਇਨਾਤ ਹਨ। ਨਤੀਜਨ ਪੰਜਾਬੀ ਦੀ ਪੜ੍ਹਾਈ ਅਤੇ ਵਿਕਾਸ ਨੂੰ ਨਾ ਪੂਰਨ ਯੋਗ ਘਾਟਾ ਪੈ ਰਿਹਾ ਹੈ। ਇਸ ਤੱਥ ਤੋਂ ਸਪੱਸ਼ਟ ਹੈ ਕਿ ਯੂਨੀਵਰਸਿਟੀ ਵੱਲੋਂ ਪੰਜਾਬੀ ਦੀ ਪੜ੍ਹਾਈ ਨੂੰ ਨਜ਼ਰਅੰਦਾਜ਼ ਕੀਤਾ ਹੋਇਆ ਹੈ।
2. ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਆਪਣਾ ਬਹੁਤਾ ਦਫ਼ਤਰੀ ਕੰਮ ਕਾਜ ਪੰਜਾਬੀ ਦੀ ਥਾਂ ਅੰਗਰੇਜ਼ੀ ਵਿਚ ਕੀਤਾ ਜਾਂਦਾ ਹੈ।
3. ਲੋਕਾਂ ਦੀ ਸਹੂਲਤ ਲਈ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਤਿਆਰ ਕੀਤੀ ਗਈ ਆਪਣੀ ਵੈਬਸਾਈਟ ਉੱਪਰ ਸਾਰੀ ਸੂਚਨਾ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਉਪਲਬਧ ਕਰਵਾਈ ਗਈ ਹੈ। ਇੱਕ ਵੀ ਸ਼ਬਦ ਪੰਜਾਬੀ ਦਾ ਨਹੀਂ ਵਰਤਿਆ ਗਿਆ। ਇਹ ਪੰਜਾਬ ਰਾਜ ਭਾਸ਼ਾ ਐਕਟ ਦੀਆਂ ਉਕਤ ਵਿਵਸਥਾਵਾਂ ਦੀ ਘੋਰ ਉਲੰਘਣਾ ਹੈ।

4. ਵੈਬਸਾਈਟ ਵਿਚ ਹਰ ਥਾਂ ਪੰਜਾਬੀ ਦੀ ਥਾਂ ਅੰਗਰੇਜ਼ੀ, ਵਿਦੇਸ਼ੀ ਭਾਸ਼ਾਵਾਂ ਅਤੇ ਹਿੰਦੀ ਨੂੰ ਪਹਿਲ ਦਿੱਤੀ ਗਈ ਹੈ। ਉਦਾਹਰਣ ਲਈ, 'Languages' ਕੈਟਾਗਰੀ ਵਿਚ ਭਾਸ਼ਾਵਾਂ ਦਾ ਜ਼ਿਕਰ ਹੇਠ ਲਿਖੀ ਤਰਤੀਬ ਨਾਲ ਦਰਸਾਇਆ ਗਿਆ ਹੈ:

'English, Foreign Languages, Hindi, School of Punjabi Studies, (Sanskrit, Pali and Prakrit), (Urdu and Persian)'

5. ਵਿਡੰਬਨਾ ਇਹ ਹੈ ਕਿ ਵੈਬਸਾਈਟ ਉੱਪਰ ਪੰਜਾਬੀ ਵਿਭਾਗ ਨਾਲ ਸਬੰਧਤ ਸੂਚਨਾ ਵੀ ਕੇਵਲ ਅੰਗਰੇਜ਼ੀ ਵਿਚ ਉਪਲਬਧ ਕਰਵਾਈ ਗਈ ਹੈ ਜੋ ਇਸ ਤਰ੍ਹਾਂ ਹੈ:

School of Punjabi Studies

- **Courses**
- **Faculty**
- **Research Activities**

B.A. (Hons. School)

**Detail Eligibility Mode of Admission Fee Structure Important Dates & Other Information**

| Course Name | Duration (Years) | System | Total Seats | Reserved Categories | | | |
|---|---|---|---|---|---|---|---|
| | | | | SC/ST | BC | RA | Others |
| BA. (Hons.) Social Science | 3 | Semester | 30 | 7 | 2 | 2 | 4 |

M.A.

| Course Name | Duration (Years) | System | Total Seats | Reserved Categories | | | |
|---|---|---|---|---|---|---|---|
| | | | | SC/ST | BC | RA | Others |
| M.A. | 2 | Semester | 50 | 12 | 3 | 4 | 6 |

M. Phil.

| Course Name | Duration (Year) | System | Total Seats | Reserved Categories | | | |
|---|---|---|---|---|---|---|---|
| | | | | SC/ST | BC | RA | Others |
| M. Phil. | 1½ | Semester | 5 | 1 | | | |

6. ਯੂਨੀਵਰਸਿਟੀ ਵੱਲੋਂ ਅਕਾਦਮਿਕ ਵਰ੍ਹੇ 2018-19 ਲਈ 51 ਪੰਨਿਆਂ ਦਾ ਜੋ ਪ੍ਰੋਸਪੈਕਟ ਛਾਪਿਆ ਗਿਆ ਸੀ ਉਹ ਵੀ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਸੀ।
7. ਯੂਨੀਵਰਸਿਟੀ ਵੱਲੋਂ ਜੋ ਦਾਖਲਾ ਆਦਿ ਲਈ ਫਾਰਮ ਛਾਪੇ ਜਾਂਦੇ ਹਨ ਉਹ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹਨ।

**ਭਾਗ ਸ- ਉਪ ਕੁਲਪਤੀ ਸਾਹਿਬ ਨੂੰ ਆਪਣੇ ਕਾਨੂੰਨੀ ਫ਼ਰਜ਼ਾਂ ਨੂੰ ਪਹਿਚਾਣ ਕੇ, ਯੂਨੀਵਰਸਿਟੀ ਦੇ ਉਦੇਸ਼ਾਂ ਦੀ ਪੂਰਤੀ ਅਤੇ ਰਾਜ ਭਾਸ਼ਾ ਐਕਟ ਦੀਆਂ ਵਿਵਸਥਾਵਾਂ ਨੂੰ ਇੰਨ-ਬਿੰਨ ਲਾਗੂ ਕਰਕੇ, ਮਾਂ ਬੋਲੀ ਦੇ ਪਸਾਰ ਅਤੇ ਪ੍ਰਚਾਰ ਲਈ ਬਣਦਾ ਯੋਗਦਾਨ ਪਾਉਣ ਲਈ ਬੇਨਤੀ**

ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਆਪ ਜੀ ਨੂੰ ਹੇਠ ਲਿਖੇ ਅਨੁਸਾਰ ਬੇਨਤੀ ਕਰਦਾ ਹੈ:

1. ਗੁਰੂ ਨਾਨਕ ਦੇਵ ਯੂਨੀਵਰਸਿਟੀ ਐਕਟ 1969 ਅਤੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਨੁਸਾਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਕੀਤਾ ਜਾਂਦਾ ਸਾਰਾ ਦਫ਼ਤਰੀ ਕੰਮ-ਕਾਜ ਕੇਵਲ ਪੰਜਾਬੀ ਭਾਸ਼ਾ ਵਿਚ ਹੋਣਾ ਲਾਜ਼ਮੀ ਹੈ। ਕ੍ਰਿਪਾ ਕਰਕੇ ਇਨ੍ਹਾਂ ਵਿਵਸਥਾਵਾਂ ਦੀ ਪਾਲਣਾ ਕਰਦੇ ਹੋਏ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਵੈਬਸਾਈਟ ਉੱਪਰ ਉਪਲਬਧ ਕਰਵਾਈ ਗਈ ਸੂਚਨਾ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਵੀ ਉਪਲਬਧ ਕਰਵਾਈ ਜਾਵੇ।
2. ਗੁਰੂ ਨਾਨਕ ਦੇਵ ਯੂਨੀਵਰਸਿਟੀ ਐਕਟ 1969 ਅਤੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਨੁਸਾਰ, ਯੂਨੀਵਰਸਿਟੀ ਦਾ ਮੁੱਖ ਉਦੇਸ਼ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਦਾ ਵਿਕਾਸ ਕਰਨਾ ਹੈ ਇਸ ਲਈ ਹਰ ਲੋੜੀਂਦੀ ਥਾਂ ਉੱਪਰ ਅੰਗਰੇਜ਼ੀ, ਵਿਦੇਸ਼ੀ ਭਾਸ਼ਾਵਾਂ ਅਤੇ ਹਿੰਦੀ ਦੀ ਥਾਂ ਪੰਜਾਬੀ ਨੂੰ ਪਹਿਲ ਦਿੱਤੀ ਜਾਵੇ।
3. ਯੂਨੀਵਰਸਿਟੀ ਵੱਲੋਂ ਛਾਪੀ ਜਾਂਦੀ ਸਾਰੀ ਲਿਖਣ ਸਾਮੱਗਰੀ (ਸਟੇਸ਼ਨਰੀ) ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਵਾਈ ਜਾਵੇ।
4. ਪੰਜਾਬੀ ਵਿਭਾਗ ਵਿਚ ਵੱਡੀ ਗਿਣਤੀ ਵਿਚ ਖਾਲੀ ਪਈਆਂ ਅਸਾਮੀਆਂ ਤੁਰੰਤ ਭਰ ਕੇ ਪੰਜਾਬੀ ਦੀ ਉੱਚ ਪੱਧਰੀ ਪੜ੍ਹਾਈ ਨੂੰ ਯਕੀਨੀ ਬਣਾਇਆ ਜਾਵੇ।

ਉਸਾਰੂ ਹੁੰਗਾਰੇ ਦੀ ਉਡੀਕ ਵਿਚ।

| | | |
|---|---|---|
| (ਹਰਬਖ਼ਸ਼ ਸਿੰਘ ਗਰੇਵਾਲ) | (ਸੁਖਇੰਦਰ ਪਾਲ ਸਿੰਘ) | (ਮਹਿੰਦਰ ਸਿੰਘ ਸੇਖੋਂ) |
| ਸਹਾਇਕ ਸੰਚਾਲਕ (ਪ੍ਰਬੰਧ) | ਸਹਾਇਕ ਸੰਚਾਲਕ (ਦਫ਼ਤਰ) | ਸਹਾਇਕ ਸੰਚਾਲਕ (ਲੋਕ ਸੰਪਰਕ) |

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਮਾਣਯੋਗ ਰਾਜਪਾਲ, ਪੰਜਾਬ ਅਤੇ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਚੰਡੀਗੜ੍ਹ। admr-chd@nic.in
2. ਮਾਣਯੋਗ ਮੁੱਖ ਮੰਤਰੀ, ਪੰਜਾਬ। cmo@punjab.gov.in
3. ਸ੍ਰੀਮਤੀ ਰਜ਼ੀਆ ਸੁਲਤਾਨਾ, ਮੰਤਰੀ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ।
4. ਸ੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। sk.sandhu87@ias.gov.in , pshe@punjab.gov.in;
5. ਸ੍ਰੀ ਵੀ.ਕੇ. ਮੀਨਾ, ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। vk.meena97@ias.gov.in
6. ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ। dir.lang@punjab.gov.in